# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ. ਨਗਰ

(ਅਮਲਾ-4 ਸ਼ਾਖਾ)

ਹੁਕਮ ਨੰ: 2/1-2017ਅ-4(5)ਓ.ਸੀ.ਟੀ.

ਮਿਤੀ : ਐਸ.ਏ.ਐਸ. ਨਗਰ ; 28.08.2018

ਸਕੱਤਰ, ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ ਜੀ ਵੱਲੋਂ ਦਿੱਤੀ ਪ੍ਰਵਾਨਗੀ ਅਨੁਸਾਰ ਇਸ ਦਫਤਰ ਦੇ ਹੁਕਮ ਨੰ. 2/1-2017ਅ-4(5) ਮਿਤੀ 21.06.2018 ਰਾਹੀਂ ਗਠਿਤ ਕੀਤੀ ਗਈ ਸਕਰੀਨਿੰਗ ਕਮੇਟੀ ਦੀ ਸਿਫ਼ਾਰਿਸ਼ ਅਨੁਸਾਰ ਹੇਠ ਲਿਖੇ ਹੋਰ ਕੈਟਾਗਰੀ ਟੀਚਰਾਂ ਨੂੰ ਦਰਸਾਏ ਗਏ ਅਨੁਸਾਰ ਵਿਸ਼ੇ ਵਿੱਚ ਬਤੌਰ ਮਾਸਟਰ/ਮਿਸਟ੍ਰੈਸ ਪੇ ਬੈਂਡ ਰੁਪਏ 10300-34800 (ਗ੍ਰੇਡ ਪੇ ਰੁਪਏ 5000) ਦੇ ਗ੍ਰੇਡ ਵਿੱਚ ਆਰਜ਼ੀ ਤੌਰ ਤੇ ਮਾਸਟਰ/ਮਿਸਟ੍ਰੈਸ ਕਾਡਰ ਵਿੱਚ ਹੇਠ ਲਿਖੀਆਂ ਸ਼ਰਤਾਂ ਤਹਿਤ ਤਰੱਕੀ ਦਿੱਤੀ ਜਾਂਦੀ ਹੈ :

| ਲੜੀ ਨੰ. | ਕਰਮਚਾਰੀ ਦਾ ਨਾਂ | ਤਰੱਕੀ ਤੋਂ ਪਹਿਲਾਂ | | | ਕੈਟਾਗਰੀ | ਵਿਸ਼ੇਸ਼ ਕਥਨ |
|---|---|---|---|---|---|---|
| | | ਅਹੁਦਾ (ਹੋਰ ਕੈਟਾਗਰੀ ਟੀਚਰ) | ਸਕੂਲ ਦਾ ਨਾਂ (ਸਮਿਸ/ਸਹਾਸ/ਸਸਸਸ)/ ਜ਼ਿਲ੍ਹਾ | ਨਿਯੁਕਤੀ ਦੀ ਮਿਤੀ | | |
| ਮੈਥ | | | | | | |
| 1. | ਪਿੰਕੀ ਬਾਂਸਲ | ਅ/ਕ ਟੀਚਰ | ਦੜ੍ਹਬਾ/ ਸੰਗਰੂਰ | 27.07.2007 | ਜਨਰਲ | |
| 2. | ਅੰਜੂ ਬਾਲਾ | ਅ/ਕ ਟੀਚਰ | ਬਹਿਕ ਬੋਦਲਾ/ ਫਾਜਿਲਕਾ | 27.07.2007 | ਜਨਰਲ | |
| 3. | ਰਮਨਦੀਪ ਸ਼ਰਮਾਂ | ਅ/ਕ ਟੀਚਰ | ਨਰਮਾਣਾ/ ਪਟਿਆਲਾ | 21.01.2007 | ਜਨਰਲ | |
| 4. | ਅਮਨਦੀਪ ਬੱਤਾ | ਅ/ਕ ਟੀਚਰ | ਸਹਿਣਾ/ ਬਰਨਾਲਾ | 23.01.2007 | ਜਨਰਲ | |
| ਸਾਇੰਸ | | | | | | |
| 1. | ਸ਼ਿਵਰਾਜ ਸਿੰਘ | ਅ/ਕ ਟੀਚਰ | ਚੱਕ ਮਹਾਂ ਸਿੰਘ ਬੱਧਰ/ ਮੁਕਤਸਰ ਸਾਹਿਬ | 26.07.2007 | ਜਨਰਲ | |
| ਇੰਗਲਿਸ਼ | | | | | | |
| 1. | ਸਿਮਰਨਜੀਤ ਕੌਰ | ਅ/ਕ ਟੀਚਰ | ਸੇਲਬਰਾਹ/ ਬਠਿੰਡਾ | 08.06.2005 | ਜਨਰਲ | |
| 2. | ਭੁਪਿੰਦਰ ਸਿੰਘ | ਪੀ.ਟੀ.ਆਈ. | ਕਿੱਲੀਆਂ ਵਾਲਾ ਪਿੰਡ/ ਮੁਕਤਸਰ ਸਾਹਿਬ | 26.12.2006 | ਜਨਰਲ | |
| 3. | ਅਨੂ ਚੋਪੜਾ | ਅ/ਕ ਟੀਚਰ | ਭਾਦਸੋਂ/ ਪਟਿਆਲਾ | 13.08.2007 | ਜਨਰਲ | |
| 4. | ਹਰਿੰਦਰਜੀਤ ਕੌਰ | ਅ/ਕ ਟੀਚਰ | ਪੁਰਾਣੀ ਪੁਲਿਸ ਲਾਈਨ/ ਪਟਿਆਲਾ | 13.08.2007 | ਐਸ.ਸੀ. | |

| | | | | | | |
|---|---|---|---|---|---|---|
| 5. | ਕਮਲਜੀਤ ਕੌਰ | ਅ/ਕ ਟੀਚਰ | ਹਰੀਪੁਰ ਹਿੰਦੂਆਂ/ ਐਸ.ਏ.ਐਸ. ਨਗਰ | 13.08.2007 | ਐਸ.ਸੀ. | |
| 6. | ਕਰਮਵੀਰ ਕੌਰ | ਅ/ਕ ਟੀਚਰ | ਫੂਲ ਟਾਊਨ (ਕੰ)/ ਬਠਿੰਡਾ | 09.01.2009 | ਜਨਰਲ | |
| 7. | ਗੁਰਿੰਦਰ ਸਿੰਘ | ਅ/ਕ ਟੀਚਰ | ਨਾਰੀਕੇ/ ਸੰਗਰੂਰ | 22.01.2010 (ਨੋਸ਼ਨਲ 27.07.2007) | ਬੀ.ਸੀ. | |

ਸ਼ਰਤਾਂ :

1. ਸਬੰਧਿਤ ਕਰਮਚਾਰੀ/ਕਰਮਚਾਰਨ ਯੂ.ਜੀ.ਸੀ. ਦੀਆਂ ਗਾਈਡਲਾਈਨਜ਼ ਅਨੁਸਾਰ ਮਾਨਤਾ ਪ੍ਰਾਪਤ ਯੂਨੀਵਰਸਿਟੀ ਤੋਂ ਨਿਯਮਾਂ ਅਨੁਸਾਰ (ਬੀ.ਏ./ ਬੀ.ਐਸ.ਸੀ./ ਬੀ.ਐਡ. ਆਦਿ) ਪਾਸ ਹੋਵੇ ਅਤੇ ਸਮੇਂ -ਸਮੇਂ ਤੇ ਜਾਰੀ ਕੀਤੀਆਂ ਹਦਾਇਤਾਂ/ਨਿਯਮਾਂ ਅਨੁਸਾਰ ਵਿਸ਼ਾ ਜੋੜ ਦੀ ਸ਼ਰਤ ਪੂਰੀ ਕਰਦਾ/ਕਰਦੀ ਹੋਵੇ।
2. ਮਾਨਯੋਗ ਸੁਪਰੀਮ ਕੋਰਟ/ ਹਾਈ ਕੋਰਟ ਵੱਲੋਂ ਪ੍ਰਮੋਸ਼ਨ ਵਿੱਚ ਰਾਖਵੇਂਕਰਨ ਦੇ ਮੁੱਦੇ ਤੇ ਪੈਂਡਿੰਗ ਲਿਟੀਗੇਸ਼ਨ ਦੇ ਸਬੰਧ ਵਿੱਚ ਕੋਈ ਵੀ ਫੈਸਲਾ ਲਿਆ ਜਾਂਦਾ ਹੈ ਤਾਂ ਉਸ ਦੀ ਪਾਲਣਾ ਕੀਤੀ ਜਾਵੇਗੀ ਅਤੇ ਇਸ ਦੇ ਚਲਦਿਆਂ ਜੇਕਰ ਕਿਸੇ ਰਿਵਰਸ਼ਨ ਦੀ ਲੋੜ ਪੈਂਦੀ ਹੈ ਤਾਂ ਬਿਨਾ ਕਿਸੇ ਨੂੰ ਨੋਟਿਸ ਦਿੱਤੇ ਤਰੱਕੀ ਤੋਂ ਰਿਵਰਟ ਕਰ ਦਿੱਤਾ ਜਾਵੇਗਾ।
3. ਤਰੱਕੀ ਉਪਰੰਤ ਪੋਸਟਿੰਗ ਵਾਲੀ ਥਾਂ ਤੇ ਹਾਜ਼ਰ ਕਰਾਉਣ ਤੋਂ ਪਹਿਲਾਂ ਸਬੰਧਿਤ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਉਸ ਦਾ ਅਪ-ਟੂ-ਡੇਟ ਸੇਵਾ ਰਿਕਾਰਡ ਚੈੱਕ ਕਰਨਗੇ। ਰਿਕਾਰਡ ਤਸੱਲੀਬਖਸ਼ ਨਾ ਹੋਣ ਦੀ ਸੂਰਤ ਵਿੱਚ ਹਾਜ਼ਰ ਨਾ ਕਰਵਾਇਆ ਜਾਵੇ ਸਗੋਂ ਇਸ ਬਾਰੇ ਸੂਚਨਾ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਨੂੰ ਭੇਜੀ ਜਾਵੇ।
4. ਇਹ ਪਦ-ਉੱਨਤ ਕਰਮਚਾਰੀ/ਕਰਮਚਾਰਨ ਸਬੰਧਤ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਵਿਖੇ ਤਤਕਾਲ ਸਮੇਂ ਤੋਂ ਆਪਣੀ ਹਾਜ਼ਰੀ ਰਿਪੋਰਟ ਪੇਸ਼ ਕਰਨਗੇ ਅਤੇ ਉਸ ਤੋਂ ਬਾਅਦ ਪੋਸਟਿੰਗ ਦੇ ਹੁਕਮ ਜਾਰੀ ਹੋਣ ਤੱਕ ਆਪਣੇ ਪਹਿਲੇ ਨਿਯੁਕਤੀ ਸਥਾਨ ਤੇ ਕੰਮ ਕਰਦੇ ਰਹਿਣਗੇ।
5. ਡਿਪਾਰਮੈਂਟ ਆਫ ਪ੍ਰਸੋਨਲ ਐਂਡ ਐਡਮਨਿਸਟ੍ਰੇਟਿਵ ਰੀਫਾਰਮਸ (ਪਰਸਨਲ ਪਾਲਿਸੀ ਬ੍ਰਾਂਚ-1) ਦੀ ਨੋਟੀਫਿਕੇਸ਼ਨ ਮਿਤੀ 04.05.1994 (ਕਾਮਨ ਕੰਡੀਸ਼ਨ ਰੂਲ) ਅਨੁਸਾਰ ਤਰੱਕੀ ਉਪਰੰਤ ਸਮੇਂ-ਸਿਰ ਹਾਜ਼ਰ ਨਾ ਹੋਣ ਵਾਲੇ ਕਰਮਚਾਰੀਆਂ ਨੂੰ ਨਿਯਮਾਂ ਤਹਿਤ ਡੀਬਾਰ ਕੀਤਾ ਜਾਵੇਗਾ।
6. ਇਹ ਤਰੱਕੀ ਦੇ ਹੁਕਮ ਤੱਥਾਂ ਦੇ ਗਲਤ ਸਾਬਤ ਹੋਣ ਜਾਂ ਸਬੰਧਿਤ ਕਰਮਚਾਰੀ ਵੱਲੋਂ ਗਲਤ ਵੇਰਵੇ ਦੇਣ ਕਾਰਨ ਜਾਂ ਕੰਮ/ਆਚਰਣ ਤਸੱਲੀ ਬਖ਼ਸ਼ ਨਾ ਹੋਣ ਕਾਰਨ ਬਿਨਾਂ ਨੋਟਿਸ ਰੱਦ ਕਰ ਦਿੱਤੇ ਜਾਣਗੇ।
7. ਸਬੰਧਿਤ ਕਰਮਚਾਰੀ/ਕਰਮਚਾਰਨ ਦੀ ਮਾਸਟਰ/ਮਿਸਟ੍ਰੈਸ ਕਾਡਰ ਵਿੱਚ ਸੀਨੀਆਰਤਾ ਨਿਯਮਾਂ ਅਨੁਸਾਰ ਫਿਕਸ ਕੀਤੀ ਜਾਵੇਗੀ।
8. ਸਬੰਧਿਤ ਕਰਮਚਾਰੀ/ਕਰਮਚਾਰਨ ਵਿਰੁੱਧ ਕੋਈ ਸ਼ਿਕਾਇਤ/ਪੜਤਾਲ ਪੈਂਡਿੰਗ ਨਾ ਹੋਣ ਦੀ ਸੂਰਤ ਵਿੱਚ ਹੀ ਉਸ ਨੂੰ ਤਰੱਕੀ ਉਪਰੰਤ ਪੋਸਟਿੰਗ ਵਾਲੀ ਥਾਂ ਤੇ ਹਾਜ਼ਰ ਕਰਵਾਇਆ ਜਾਵੇ।
9. ਇਹ ਸੁਨਿਸ਼ਚਿਤ ਕੀਤਾ ਜਾਵੇ ਕਿ ਜਿਨ੍ਹਾਂ ਕਰਮਚਾਰੀਆਂ ਨੇ ਵਿਭਾਗੀ ਸੇਵਾ ਦੌਰਾਨ ਪੱਤਰ-ਵਿਹਾਰ/ਰੈਗੂਲਰ ਮੋਡ ਰਾਹੀਂ ਵਿਦਿਅਕ ਯੋਗਤਾਵਾਂ ਹਾਸਲ ਕੀਤੀਆਂ ਹਨ, ਉਨ੍ਹਾਂ ਨੇ ਵਿਭਾਗੀ ਮੰਜ਼ੂਰੀ ਲਈ ਹੋਵੇ ਅਤੇ ਇਹ ਵੀ ਸੁਨਿਸ਼ਚਿਤ ਕੀਤਾ ਜਾਵੇ ਕਿ ਜੇਕਰ ਅਜਿਹੇ ਕਰਮਚਾਰੀਆਂ ਨੇ ਲੋੜੀਂਦੀਆਂ ਵਿਦਿਅਕ ਯੋਗਤਾਵਾਂ ਰੈਗੂਲਰ ਤੌਰ ਤੇ ਪ੍ਰਾਪਤ ਕੀਤੀਆਂ ਹਨ, ਤਾਂ ਇਸ ਸਬੰਧੀ ਸਮਰੱਥ ਅਧਿਕਾਰੀ ਤੋਂ ਲੋ[illegible] ਮੰਜ਼ੂਰੀ ਪ੍ਰਾਪਤ ਕੀਤੀ ਹੋਵੇ।

Vivo V9
Dual Rear Camera

ਜੇਕਰ ਕਿਸੇ ਕਾਰਨ ਵੱਖ-ਵੱਖ ਕਾਡਰਾਂ ਵਿੱਚ ਪਦ-ਉੱਨਤ ਕਰਮਚਾਰੀਆਂ ਤੋਂ ਸੀਨੀਅਰ ਕਰਮਚਾਰੀ ਤਰੱਕੀ ਲੈਣ ਤੋਂ ਵਾਂਝਾ ਰਹਿ ਗਿਆ ਹੋਵੇ ਅਤੇ ਉਸ ਦੀ ਤਰੱਕੀ ਕਾਰਨ ਕਿਸੇ ਕਰਮਚਾਰੀ ਨੂੰ ਰਿਵਰਟ ਕਰਨਾ ਪਿਆ ਤਾਂ ਉਸ ਨੂੰ ਬਿਨਾਂ ਨੋਟਿਸ ਰਿਵਰਟ ਕਰ ਦਿੱਤਾ ਜਾਵੇਗਾ।

ਇਹ ਤਰੱਕੀ ਇੱਕ ਸਾਲ ਦੇ ਸਮੇਂ ਲਈ ਪ੍ਰੋਬੇਸ਼ਨ ਤੇ ਹੋਵੇਗੀ।

ਵਿਭਾਗ ਦੇ ਪੱਤਰ ਨੰ: 2/1-17ਅ4(5) ਮਿਤੀ 06.08.2018 ਰਾਹੀਂ ਜਾਰੀ ਕੀਤੇ ਪਬਲਿਕ ਨੋਟਿਸ ਅਨੁਸਾਰ ਮਿਤੀ 08.08.2018 ਦੀ ਕਾਊਂਸਲਿੰਗ ਵਿੱਚ ਹਾਜ਼ਰ ਹੋਏ ਕਰਮਚਾਰੀਆਂ ਵਿੱਚੋਂ ਕੋਈ ਸੀਨੀਅਰ ਕਰਮਚਾਰੀ ਪਦ-ਉੱਨਤ ਹੋਣ ਤੋਂ ਰਹਿ ਜਾਂਦਾ ਹੈ, ਤਾਂ ਉਹ ਤਰੱਕੀ ਸਬੰਧੀ ਆਪਣਾ ਕਲੇਮ ਦਸਤਾਵੇਜ਼ੀ ਪਰੂਫਾਂ ਸਹਿਤ 15 ਦਿਨਾਂ ਦੇ ਅੰਦਰ-ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਵਿਖੇ ਪੇਸ਼ ਕਰੇਗਾ।

ਸਿ.ਰਿ.ਪਟੀ. ਨੰ. 15997 ਆਫ 2016 ਕਵਿਤਾ ਰਾਣੀ ਅਤੇ ਹੋਰ ਬਨਾਮ ਪੰਜਾਬ ਸਰਕਾਰ, ਸਿ.ਰਿ.ਪਟੀ. ਨੰ. 13563 ਆਫ 2016 ਬਲਦੇਵ ਸਿੰਘ ਅਤੇ ਹੋਰ ਬਨਾਮ ਪੰਜਾਬ ਸਰਕਾਰ, ਸਿ.ਰਿ.ਪਟੀ. ਨੰ. 18094 ਆਫ 2018 ਇੰਦਰਜੀਤ ਸਿੰਘ ਅਤੇ ਹੋਰ ਬਨਾਮ ਪੰਜਾਬ ਸਰਕਾਰ ਅਤੇ ਹੋਰ ਸਬੰਧਤ ਮੇਲ ਖਾਦੀਆਂ ਰਿੱਟ ਪਟੀਸ਼ਨਾਂ/ ਹੋਰ ਕਿਸੇ ਵੀ ਸਬੰਧਤ ਕੋਰਟ ਕੇਸ ਵਿੱਚ ਹੋਣ ਵਾਲਾ ਅੰਤਿਮ ਫੈਸਲਾ ਲਾਗੂ ਹੋਵੇਗਾ। ਇਹ ਪਦ-ਉੱਨਤੀਆਂ ਬਿਲਕੁਲ ਆਰਜ਼ੀ ਹਨ ਅਤੇ ਉਕਤ ਰਿੱਟ ਪਟੀਸ਼ਨਾਂ/ਹੋਰ ਸਬੰਧਤ ਮੇਲ ਖਾਦੀਆਂ ਰਿੱਟ ਪਟੀਸ਼ਨਾਂ ਦੇ ਫੈਸਲੇ ਉਪਰ ਨਿਰਭਰ ਕਰਨਗੀਆਂ।

ਸੁਖਜੀਤ ਪਾਲ ਸਿੰਘ (ਪੀ.ਸੀ.ਐਸ.)
ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ

ਪਿਠ ਅੰਕਣ ਨੰ.: - ਉਕਤ - ਮਿਤੀ : 28.08.2018

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਸਕੱਤਰ, ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ।
2. ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ, ਐਸ.ਏ.ਐਸ. ਨਗਰ।
3. ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਵੱਲੋਂ ਸਬੰਧਤ ਕਰਮਚਾਰੀ ਨੂੰ ਤਰੱਕੀ ਉਪਰੰਤ ਹਾਜ਼ਰ ਕਰਨ ਤੋਂ ਪਹਿਲਾਂ ਉਸ ਦੀਆਂ ਵਿਦਿਅਕ ਯੋਗਤਾਵਾਂ ਸਬੰਧੀ ਅਸਲ ਸਰਟੀਫਿਕੇਟ, ਸ਼ਿਕਾਇਤ/ਪੜਤਾਲ ਪੈਂਡਿੰਗ ਨਾ ਹੋਣ ਸਬੰਧੀ, ਡੀਬਾਰ/ਰਿਵਰਸ਼ਨ ਰਿਕਾਰਡ, ਪਰਖ ਸਮਾਂ, ਪਿਛਲੇ ਪੰਜ ਸਾਲਾਂ ਦਾ ਸੇਵਾ ਰਿਕਾਰਡ ਚੈੱਕ ਕਰਨ ਬੈਂਚ ਮਾਰਕ ਪੂਰੇ ਅਤੇ ਰਿਕਾਰਡ ਤਸੱਲੀਬਖਸ਼ ਹੋਣ ਉਪਰੰਤ ਕਰਮਚਾਰੀ ਨੂੰ ਹਾਜ਼ਰ ਕਰਵਾਇਆ ਜਾਵੇ ਅਤੇ ਸਟੇਸ਼ਨ ਅਲਾਟਮੈਂਟ ਹੋਣ ਤੱਕ ਸਬੰਧਤ ਕਰਮਚਾਰੀ ਉਨ੍ਹਾਂ ਦੇ ਮੌਜੂਦਾ ਸਟੇਸ਼ਨਾਂ ਤੇ ਹੀ ਕੰਮ ਕਰਨਗੇ।
4. ਸਬੰਧਤ ਕਰਮਚਾਰੀ/ਕਰਮਚਾਰਨ ਇਹਨਾਂ ਹੁਕਮਾਂ ਦੀ ਕਾਪੀ www.ssapunjab.org ਤੋਂ ਪ੍ਰਾਪਤ ਕਰਨਗੇ।

ਸਹਾਇਕ ਡਾਇਰੈਕਟਰ (ਸ:ਪ੍ਰ:4)